# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 30-09-2025**

ਪੰਜਾਬ ਵਿਧਾਨ ਸਭਾ ਵੱਲੋਂ ਆਪਣੇ ਵਿਸ਼ੇਸ਼ ਇਜਲਾਸ ਦੇ ਆਖਰੀ ਦਿਨ ਕੱਲ "ਪੰਜਾਬ ਦਾ ਪੁਨਰਵਾਸ" ਮਤਾ ਪਾਸ ਕੀਤਾ । ਇਹ ਮਤਾ ਜਲ ਸਰੋਤ ਮੰਤਰੀ ਬਰਿੰਦਰ ਕੁਮਾਰ ਗੋਇਲ ਵੱਲੋਂ ਇਜਲਾਸ ਦੇ ਪਹਿਲੇ ਦਿਨ ਪੇਸ਼ ਕੀਤਾ ਗਿਆ ਸੀ, ਜਿਸ ਵਿੱਚ ਵਿਆਪਕ ਹੜ੍ਹ ਰਾਹਤ ਅਤੇ ਬੁਨਿਆਦੀ ਢਾਂਚੇ ਦੀ ਬਹਾਲੀ ਲਈ ਕੇਂਦਰ ਸਰਕਾਰ ਤੋਂ 20 ਹਜ਼ਾਰ ਕਰੋੜ ਰੁਪਏ ਦੇ ਵਿਸ਼ੇਸ਼ ਪੈਕੇਜ ਦੀ ਮੰਗ ਕੀਤੀ ਗਈ ਸੀ। ਇਹ ਮਤਾ ਦੋ ਦਿਨਾਂ ਦੇ ਵਿਆਪਕ ਵਿਚਾਰ-ਵਟਾਂਦਰੇ ਉਪਰੰਤ ਪਾਸ ਕੀਤਾ ਗਿਆ, ਜਿਸ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਕੈਬਨਿਟ ਮੰਤਰੀਆਂ ਅਤੇ ਵਿਧਾਇਕਾਂ ਨੇ ਸਰਗਰਮੀ ਨਾਲ ਹਿੱਸਾ ਲਿਆ। ਪਾਸ ਕੀਤੇ ਗਏ ਮਤੇ ਨੂੰ ਹੁਣ ਰਸਮੀ ਤੌਰ 'ਤੇ ਕੇਂਦਰ ਸਰਕਾਰ ਕੋਲ ਭੇਜਿਆ ਜਾਵੇਗਾ, ਜਿਸ ਵਿੱਚ ਸੂਬੇ ਦੀ ਸਹਾਇਤਾ ਲਈ ਤੁਰੰਤ ਅਤੇ ਹਮਦਰਦੀ ਭਰੀ ਕਾਰਵਾਈ ਦੀ ਅਪੀਲ ਕੀਤੀ ਜਾਵੇਗੀ। ਇਸ ਮਤੇ ਦੇ ਸਬੰਧ ਵਿੱਚ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਚਰਚਾ ਦੀ ਸ਼ੁਰੂਆਤ ਕੀਤੀ, ਜਿਸ ਉਪਰੰਤ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮਤੇ ਦੇ ਸਮਰਥਨ ਵਿੱਚ ਭਾਸ਼ਣ ਦਿੱਤਾ।

-----------------------------------------------------------------------

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਅੱਜ 1965 ਦੀ ਜੰਗ ਦੀ ਡਾਇਮੰਡ ਜੁਬਲੀ ਮੌਕੇ 'ਤੇ ਭਾਰਤੀ ਫੌਜ ਦੇ ਨਾਇਕ ਵੀਰ ਅਬਦੁਲ ਹਾਮਿਦ ਅਤੇ ਹੋਰ ਸੈਨਿਕਾਂ ਨੂੰ ਤਰਨ ਧਰਨ ਦੇ ਸਰਹੱਦੀ ਪਿੰਡ ਅਸਲ ਉਤਾੜ ਵਿਖੇ ਸ਼ਰਧਾਂਜਲੀ ਭੇਟ ਕੀਤੀ । ਇਸ ਮੌਕੇ ਰਾਜਪਾਲ ਨੇ ਸੰਬੋਧਨ ਕਰਦਿਆਂ ਸ਼ਹੀਦਾਂ ਨੂੰ ਸਲਾਮ ਕੀਤਾ ।

BYTE

ਇਹ ਸਮਾਗਮ ਭਾਰਤੀ ਫੌਜ ਵੱਲੋਂ ਕੀਤਾ ਗਿਆ । ਜੰਗ ਦੇ ਸਾਬਕਾ ਸੈਨਿਕਾਂ ਦੇ ਪਰਿਵਾਰਾਂ ਨੂੰ ਫੌਜ ਵੱਲੋਂ ਸਨਮਾਨਿਤ ਕੀਤਾ ਗਿਆ । ਡਿਪਟੀ ਕਮਿਸ਼ਨਰ, ਇੰਸਪੈਕਟਰ ਜਨਰਲ ਆਫ਼ ਪੁਲਿਸ, ਅਤੇ ਐਸਐਸਪੀ ਵੀ ਸਮਾਗਮ ਵਿੱਚ ਮੌਜੂਦ ਰਹੇ। ਵੀਰ ਅਬਦੁਲ ਹਮੀਦ ਦੇ ਪੁੱਤਰ ਨੇ ਆਪਣੇ ਵਿਚਾਰ ਸਾਂਝੇ ਕੀਤੇ ।

BYTE

-----------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੂਬੇ ਵਿੱਚ ਨਿਵੇਸ਼ ਲਈ ਦੇਸ਼ ਦੇ ਪ੍ਰਮੁੱਖ ਉਦਯੋਗਪਤੀਆਂ ਦਾ ਸਵਾਗਤ ਕਰਦਿਆਂ ਕਿਹਾ ਕਿ ਪੰਜਾਬ ਤੇਜ਼ੀ ਨਾਲ ਦੁਨੀਆ ਭਰ ਵਿੱਚ ਸਭ ਤੋਂ ਪਸੰਦੀਦਾ ਨਿਵੇਸ਼

ਸਥਾਨ ਵਜੋਂ ਉੱਭਰ ਰਿਹਾ ਏ। ਕੱਲ ਗੁਰੂਗ੍ਰਾਮ ਵਿਖੇ ਉਦਯੋਗ ਜਗਤ ਦੇ ਆਗੂਆਂ ਨਾਲ ਮੁਲਾਕਾਤ ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ ਪਿਛਲੇ ਹਾਲਾਂਕਿ ਤਿੰਨ ਸਾਲਾਂ ਵਿੱਚ ਪੰਜਾਬ ਦੇ ਉਦਯੋਗਿਕ ਸਫ਼ਰ ਵਿੱਚ ਇੱਕ ਵੱਡੀ ਤਬਦੀਲੀ ਅਤੇ ਪ੍ਰਗਤੀ ਦੇਖਣ ਨੂੰ ਮਿਲੀ ਏ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅੱਜ ਸੂਬਾ ਇੱਕ ਉਦਯੋਗਿਕ ਕੇਂਦਰ ਬਣ ਗਿਆ ਏ , ਜੋ ਫੂਡ ਪ੍ਰੋਸੈਸਿੰਗ, ਕੱਪੜਾ ਉਦਯੋਗ ,ਹੱਥ ਖੜੀ , ਸਾਈਕਲ, ਆਈਟੀ, ਸੈਰ-ਸਪਾਟਾ ਅਤੇ ਹੋਰ ਖੇਤਰਾਂ ਵਿੱਚ ਮੋਹਰੀ ਬਣ ਕੇ ਉੱਭਰਿਆ ਏ। ਉਨ੍ਹਾਂ ਕਿਹਾ ਕਿ ਮਾਰਚ, 2022 ਤੋਂ ਪੰਜਾਬ ਨੂੰ 1 ਲੱਖ 23 ਹਜ਼ਾਰ ਕਰੋੜ ਰੁਪਏ ਦੀਆਂ ਨਿਵੇਸ਼ ਤਜਵੀਜ਼ਾਂ ਹਾਸਲ ਹੋਈਆਂ ਜਿਸ ਨਾਲ 4 ਲੱਖ 70 ਹਜ਼ਾਰ ਤੋਂ ਵੱਧ ਨੌਕਰੀਆਂ ਪੈਦਾ ਹੋਣ ਦੀ ਸੰਭਾਵਨਾ ਏ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਆਫਲਾਈਨ ਅਰਜ਼ੀਆਂ ਦੇਣ ਦੀ ਸ਼ਰਤ ਨੂੰ ਖ਼ਤਮ ਕਰਕੇ ਅਤੇ ਤੁਰੰਤ ਪ੍ਰਵਾਨਗੀਆਂ ਨੂੰ ਯਕੀਨੀ ਬਣਾ ਰਹੀ ਹੈ ਅਤੇ ਨਾਲ ਹੀ ਪੰਜਾਬ ਰਾਈਟ ਟੂ ਬਿਜ਼ਨਸ ਐਕਟ ਰਾਹੀਂ ਸੂਬਾ ਸਰਕਾਰ 125 ਕਰੋੜ ਰੁਪਏ ਤੱਕ ਦੀਆਂ ਯੋਗ ਇਕਾਈਆਂ ਲਈ ਸਿਰਫ਼ ਪੰਜ ਦਿਨਾਂ ਵਿੱਚ ਸਿਧਾਂਤਕ ਪ੍ਰਵਾਨਗੀ ਪ੍ਰਦਾਨ ਕਰਦੀ ਏ।

------------------------------------------------------------------------

ਦੇਸ਼ ਭਰ ਵਿੱਚ ਅੱਜ ਪਵਿੱਤਰ ਦੁਰਗਾ ਅਸ਼ਟਮੀ ਮਨਾਈ ਜਾ ਰਹੀ ਏ । ਸਵੇਰ ਤੋਂ ਹੀ ਭਗਤ, ਮਾਤਾ ਰਾਣੀ ਦੇ ਮੰਦਰਾਂ ਦੇ ਵਿੱਚ ਦੁਰਗਾ ਅਸ਼ਟਮੀ ਮਨਾਉਣ ਲਈ ਪਹੁੰਚ ਰਹੇ ਨੇ. ਸ਼ਰਧਾਲੂਆਂ ਨੇ  ਆਪਣੇ ਘਰਾਂ ਦੇ ਵਿੱਚ ਕੰਜਕਾਂ ਦੀ ਪੂਜਾ ਕੀਤੀ  ।

ਪੇਸ਼ ਏ ਇਕ ਇੱਕ ਰਿਪੋਰਟ

ਅੱਜ ਅਸ਼ਟਮੀ ਮੌਕੇ ਲੋਕਾਂ ਵੱਲੋਂ ਆਪਣੇ ਘਰਾਂ ਵਿੱਚ ਕੰਜਕਾਂ ਬਿਠਾਈਆਂ ਗਈਆਂ ਅਤੇ ਉਹਨਾਂ ਦਾ ਪੂਜਨ ਕੀਤਾ ਗਿਆ । ਕੰਜਕਾਂ ਨੂੰ ਮਾਤਾ ਰਾਣੀ ਨੂੰ ਲਾਏ ਜਾਣ ਵਾਲੇ ਭੋਗ ਦੇ ਪਕਵਾਨਾਂ ਦਾ ਪ੍ਰਸ਼ਾਦ ਦਿੱਤਾ ਗਿਆ । ਲੋਕਾਂ ਵਲੋਂ ਓਹਨਾਂ ਨੂੰ ਸ਼ਰਧਾ ਅਨੁਸਾਰ ਭੇਂਟ ਵਜੋਂ ਤੋਹਫ਼ੇ ਵੀ ਦਿੱਤੇ ਗਏ. ਉਧਰ ਵੈਸ਼ਨੋ ਦੇਵੀ ਧਾਮ ਤੇ ਵੀ ਅਸ਼ਟਮੀ ਦਾ ਤਿਉਹਾਰ ਪੂਰੀ ਧਾਰਮਿਕ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ। ਮੰਦਿਰਾਂ ਦੀ ਰੌਣਕ ਦੇਖਦਿਆਂ ਹੀ ਬਣ ਰਹੀ ਏ ਤੇ ਸੋਹਣੀ ਤਰ੍ਹਾਂ ਸਜਾਏ ਹੋਏ ਮੰਦਿਰ ਸ਼ਰਧਾਲੂਆਂ ਦੇ ਜੈਕਾਰਿਆਂ ਨਾਲ ਗੂੰਜ ਰਹੇ ਨੇ.

---------------------------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਪ੍ਰਦਾਹਣ ਮੰਤਰੀ ਨਰੇਂਦਰ ਮੋਦੀ ਅਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ  ਨੇ ਦੁਰਗਾ ਪੂਜਾ ਦੇ ਮੌਕੇ 'ਤੇ ਭਾਰਤ ਅਤੇ ਵਿਦੇਸ਼ਾਂ ਵਿੱਚ ਰਹਿੰਦੇ ਸਾਰੇ ਭਾਰਤੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ । ਆਪਣੇ ਸੰਦੇਸ਼ ਵਿੱਚ, ਓਨ੍ਹਾਂ  ਨੇ ਕਿਹਾ ਕਿ ਦੁਰਗਾ ਪੂਜਾ ਦਾ ਪਵਿੱਤਰ ਤਿਉਹਾਰ ਸਾਡੇ ਸਭਿਆਚਾਰ ਭਰੋਸੇ ਅਤੇ ਅਧਿਆਤਮਿਕ ਵਿਰਾਸਤ ਦਾ ਪ੍ਰਤੀਕ ਏ ।

---------------------------------------------------------------------

ਪੰਜਾਬ ਪੁਲਿਸ ਦੇ ਮੁਖੀ ਗੌਰਵ ਯਾਦਵ ਨੇ ਕੱਲ ਜਲੰਧਰ ਵਿਖੇ ਇੰਟੈਲੀਜੈਂਟ ਟ੍ਰੈਫਿਕ ਮੈਨੇਜਮੈਂਟ ਸਿਸਟਮ ITMS ਦੇ ਪਹਿਲੇ ਗੇੜ ਦੀ ਸ਼ੁਰੂਆਤ ਕੀਤੀ, ਜੋ ਕਿ ਸ਼ਹਿਰ ਦੇ ਟ੍ਰੈਫਿਕ ਨਿਯਮਾਂ ਅਤੇ ਨਿਗਰਾਨੀ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਵੱਲ ਇਕ ਮਹੱਤਵਪੂਰਣ ਕਦਮ ਏ। ਡੀ.ਜੀ.ਪੀ. ਨੇ ਕਿਹਾ ਕਿ ਐਸ.ਏ.ਐਸ. ਨਗਰ ਤੋਂ ਬਾਅਦ ਜਲੰਧਰ ਇਸ ਅਤਿ ਆਧੁਨਿਕ ਪ੍ਰਣਾਲੀ ਨੂੰ ਲਾਗੂ ਕਰਨ ਵਾਲਾ ਪੰਜਾਬ ਦਾ ਦੂਜਾ ਸ਼ਹਿਰ ਬਣ ਗਿਆ ਏ। ਇਸ ਮੌਕੇ ਉਨ੍ਹਾਂ ਨਾਲ ਪੁਲਿਸ ਕਮਿਸ਼ਨਰ ਧਨਪ੍ਰੀਤ ਕੌਰ, ਡਿਪਟੀ ਕਮਿਸ਼ਨਰ ਡਾ.ਹਿਮਾਂਸ਼ੂ ਅਗਰਵਾਲ ਅਤੇ ਕਮਿਸ਼ਨਰ ਨਗਰ ਨਿਗਮ ਸੰਦੀਪ ਰਿਸ਼ੀ ਵੀ ਮੌਜੂਦ ਸਨ। 42 ਕਰੋੜ ਰੁਪਏ ਦੀ ਲਾਗਤ ਨਾਲ ਵਿਕਸਿਤ ਸਿਸਟਮ ਦਾ ਪਹਿਲਾ ਗੇੜ ਪੁਲਿਸ ਲਾਈਨ ਵਿਖੇ ਸਥਿਤ ਇੰਟੇਗ੍ਰੇਟਿਡ ਕਮਾਂਡ ਅਤੇ ਕੰਟਰੋਲ ਸੈਂਟਰ (ਆਈ.ਸੀ.ਸੀ.ਸੀ.) ਨਾਲ ਜੋੜਿਆ ਗਿਆ ਏ। ਇਸ ਵਿੱਚ 13 ਮਹੱਤਵਪੂਰਣ ਜੰਕਸ਼ਨਾਂ 'ਤੇ ਸਥਾਪਿਤ 142 ਹਾਈ-ਰੈਜ਼ੋਲਿਊਸ਼ਨ ਕੈਮਰਿਆਂ ਨੂੰ ਏਕੀਕ੍ਰਿਤ ਕੀਤਾ ਗਿਆ ਏ। ਸ਼ਹਿਰੀ ਵਿਆਪੀ ਨਿਗਰਾਨੀ ਯੋਜਨਾ ਤਹਿਤ 1003 ਕੈਮਰਿਆਂ ਦੇ ਨਾਲ ਪਬਲਿਕ ਐਡਰੈੱਸ ਸਿਸਟਮ ਅਤੇ ਐਮਰਜੈਂਸੀ ਕਾਲ ਬਾਕਸ ਪ੍ਰਣਾਲੀ ਲਗਾਉਣ ਦੀ ਯੋਜਨਾ ਏ। ਇਸ ਦੀ ਪ੍ਰਮੁੱਖ ਵਿਸ਼ੇਸ਼ਤਾ ਈ-ਚਲਾਨ ਪ੍ਰਣਾਲੀ ਏ ਜੋ

ਐਨ.ਆਈ.ਸੀਜ਼ ਦੇ ‘ਵਾਹਨ’ ਅਤੇ ਸਾਰਥੀ ਡਾਟਾਬੇਸਿਸ ਨਾਲ ਏਕੀਕ੍ਰਿਤ ਏ  ਅਤੇ ਲਾਲ ਬੱਤੀ ਟੱਪਣ, ਓਵਰਸਪੀਡ ਅਤੇ ਗਲਤ ਸਾਈਡ ਤੋਂ ਡਰਾਈਵਿੰਗ ਕਰਨ ’ਤੇ ਸਵੈ ਚਲਿਤ ਚਲਾਨ ਕੱਟਣ ਦੇ ਸਮਰੱਥ ਏ।

---------------------------------------------------------------------

ICC ਮਹਿਲਾ ਇੱਕ ਰੋਜ਼ਾ ਵਿਸ਼ਵ ਕੱਪ 2025 ਅੱਜ ਗੁਹਾਟੀ ਦੇ ਬਰਸਾਪਾਰਾ ਕ੍ਰਿਕਟ ਸਟੇਡੀਅਮ ਵਿੱਚ, ਮੇਜ਼ਬਾਨ ਭਾਰਤ ਅਤੇ ਸ਼੍ਰੀਲੰਕਾ ਵਿਚਕਾਰ ਉਦਘਾਟਨੀ ਮੈਚ ਨਾਲ ਸ਼ੁਰੂ ਹੋਵੇਗਾ। ਇਹ ਮੈਚ ਬਾਅਦ ਦੁਪਹਿਰ 3 ਵਜੇ ਸ਼ੁਰੂ ਹੋਵੇਗਾ। ਭਾਰਤੀ ਮਹਿਲਾ ਕ੍ਰਿਕਟ ਟੀਮ ਆਪਣੇ ਪਹਿਲੇ ਅੰਤਰਰਾਸ਼ਟਰੀ ਕ੍ਰਿਕਟ ਖਿਤਾਬ ਲਈ, 47 ਸਾਲਾਂ ਦੀ ਉਡੀਕ ਖਤਮ ਕਰਨ ਦੀ ਕੋਸ਼ਿਸ਼ ਕਰੇਗੀ। 2025 ਮਹਿਲਾ ਵਿਸ਼ਵ ਕੱਪ, 50 ਓਵਰਾਂ ਦੇ ਕ੍ਰਿਕਟ ਟੂਰਨਾਮੈਂਟ ਦਾ 13ਵਾਂ ਐਡੀਸ਼ਨ ਏ, ਜਿਸ ਵਿੱਚ ਅੱਠ ਟੀਮਾਂ - ਭਾਰਤ, ਆਸਟ੍ਰੇਲੀਆ, ਇੰਗਲੈਂਡ, ਨਿਊਜ਼ੀਲੈਂਡ, ਦੱਖਣੀ ਅਫਰੀਕਾ, ਸ਼੍ਰੀਲੰਕਾ, ਬੰਗਲਾਦੇਸ਼ ਅਤੇ ਪਾਕਿਸਤਾਨ ਸ਼ਾਮਲ ਨੇ।

---------------------------------------------------------------------